ਪੰਜਾਬ ਸਰਕਾਰ
ਸਥਾਨਕ ਸਰਕਾਰ ਵਿਭਾਗ
(ਸਥਾਨਕ ਸਰਕਾਰ-3 ਸ਼ਾਖਾ)

# ਅਧਿਸੂਚਨਾ

ਮਿਤੀ, ਚੰਡੀਗੜ੍ਹ:21.12.2016

ਨੰ: 16/3(27)/2016-5ਸਸ3/2851 ਜਿਵੇਂ ਕਿ ਨਗਰ ਕੌਂਸਲ, ਖਰੜ ਜਿਲ੍ਹਾ ਐਸ.ਏ.ਐਸ.ਨਗਰ (ਮੋਹਾਲੀ) ਵੱਲੋ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955" (15 ਆਫ 1956) ਦੀ ਧਾਰਾ 7 ਅਧੀਨ ਆਪਣੇ ਮਤਾ ਨੰ:42 ਮਿਤੀ 24.09.2015 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਹੈ। ਇਸ ਦੇ ਸਬੰਧ ਵਿੱਚ 2 ਅਖਬਾਰਾਂ ਰਾਹੀਂ ਜਨਤਕ ਸੂਚਨਾ ਪ੍ਰਕਾਸ਼ਿਤ ਕਰਵਾ ਕੇ ਆਮ ਜਨਤਾ ਪਾਸੋਂ ਇਤਰਾਜ ਅਤੇ ਸੁਝਾਓ ਮੰਗੇ ਗਏ ਸਨ ਪਰੰਤੂ ਕੋਈ ਇਤਰਾਜ ਵਾ ਸੁਝਾਓ ਪ੍ਰਾਪਤ ਨਾ ਹੋਣ ਤੇ ਨਗਰ ਕੌਂਸਲ ਵੱਲੋ ਆਪਣੇ ਮਤਾ ਨੰ: 11 ਮਿਤੀ 13.05.2016 ਰਾਹੀਂ ਕਾਓ ਸੈਸ ਲਗਾਉਣਾ ਪ੍ਰਵਾਨ ਕੀਤਾ ਗਿਆ ਹੈ।

2 ਇਸ ਲਈ ਹੁਣ "ਦੀ ਪੰਜਾਬ ਪਰੋਹਿਬੀਸ਼ਨ ਆਫ ਕਾਓ ਸਲਾਟਰ ਐਕਟ 1955"(15 ਆਫ 1956) ਦੀ ਧਾਰਾ 7 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਦੇ ਰਾਜਪਾਲ ਪ੍ਰਸੰਨਤਾ ਪੂਰਵਕ ਘੋਸ਼ਣਾ ਕਰਦੇ ਹਨ ਕਿ ਨਗਰ ਕੌਂਸਲ, ਖਰੜ ਜਿਲ੍ਹਾ ਐਸ.ਏ.ਐਸ ਨਗਰ (ਮੋਹਾਲੀ) ਦੇ ਖੇਤਰ ਵਿਖੇ ਹੇਠ ਲਿਖੀਆਂ ਵਸਤਾਂ ਦੀ ਵਿਕਰੀ ਉਤੇ ਫੀਸ (ਕਾਓ ਸੈਸ) ਲਾਗੂ ਹੋਵੇਗਾ ਜਿਸ ਦੀਆਂ ਕੁਲੈਕਟਿੰਗ ਏਜੰਸੀਆਂ ਹੇਠਾਂ ਦਿਤੇ ਟੇਬਲ ਵਿਚ ਘੋਸ਼ਿਤ ਕੀਤੀਆਂ ਜਾਂਦੀਆਂ ਹਨ:-

| ਲੜੀ ਨੰ: | ਆਈਟਮ ਦਾ ਨਾਮ | ਪ੍ਰਤੀ ਆਈਟਮ ਫੀਸ | ਕੁਲੈਕਟਿੰਗ ਏਜੰਸੀ ਦਾ ਨਾਮ |
|---|---|---|---|
| 1 | ਤੇਲ ਟੈਂਕਰ ਪ੍ਰਤੀ ਚੱਕਰ | 100/-ਰੁਪਏ | ਨਗਰ ਕੌਂਸਲ, ਖਰੜ |
| 2 | ਸ਼ਰਾਬ ਅੰਗਰੇਜੀ ਪ੍ਰਤੀ ਬੋਤਲ | 10/- ਰੁਪਏ | ਸਹਾਇਕ ਕਰ ਆਬਕਾਰੀ ਕਮਿਸ਼ਨਰ, ਐਸ.ਏ.ਐਸ.ਨਗਰ |
| 3 | ਸ਼ਰਾਬ ਦੇਸੀ ਅਤੇ ਬੀਅਰ ਪ੍ਰਤੀ ਬੋਤਲ | 05/-ਰੁਪਏ | ਸਹਾਇਕ ਕਰ ਆਬਕਾਰੀ ਕਮਿਸ਼ਨਰ, ਐਸ.ਏ.ਐਸ.ਨਗਰ |
| 4 | ਸੀਮਿੰਟ ਪ੍ਰਤੀ ਬੈਗ | 01/-ਰੁਪਏ | ਨਗਰ ਕੌਂਸਲ, ਖਰੜ |
| 5 | ਬਿਜਲੀ ਪ੍ਰਤੀ ਯੂਨਿਟ | 02 ਪੈਸੇ | ਉਪ ਮੰਡਲ ਇੰਜੀਨੀਅਰ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਖਰੜ |
| 6 | ਮੈਰਿਜ ਪੈਲਿਸ ਏ.ਸੀ. ਪ੍ਰਤੀ ਫੰਕਸਨ | 1000/-ਰੁਪਏ | ਨਗਰ ਕੌਂਸਲ, ਖਰੜ |
| 7 | ਮੈਰਿਜ ਪੈਲਿਸ ਨਾਨ ਏ.ਸੀ. ਪ੍ਰਤੀ ਫੰਕਸਨ | 500/-ਰੁਪਏ | ਨਗਰ ਕੌਂਸਲ, ਖਰੜ |
| 8 | ਫੋਰ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ | 1000/-ਰੁਪਏ | ਜਿਲ੍ਹਾ ਟਰਾਂਸਪੋਰਟ ਅਫਸਰ, ਐਸ.ਏ.ਐਸ. ਨਗਰ |
| 9 | ਦੋ ਵ੍ਹੀਲਰ ਗੱਡੀ ਪ੍ਰਤੀ ਵਹੀਕਲ ਦੀ ਵਿਕਰੀ ਤੇ | 200/-ਰੁਪਏ | ਜਿਲ੍ਹਾ ਟਰਾਂਸਪੋਰਟ ਅਫਸਰ, ਐਸ.ਏ.ਐਸ. ਨਗਰ |

3 ਲੜੀ ਨੰ: 2 ਅਤੇ 3 ਤੇ ਕਾਓ ਸੈਸ ਸਾਲ 2017-18 ਤੋਂ ਲਾਗੂ ਹੋਵੇਗਾ।

ਮਿਤੀ: ਚੰਡੀਗੜ੍ਹ
20.12.2016

ਡੀ.ਪੀ.ਰੈਡੀ, ਆਈ.ਏ.ਐਸ.
ਵਧੀਕ ਮੁੱਖ ਸਕੱਤਰ ਪੰਜਾਬ ਸਰਕਾਰ,
ਸਥਾਨਕ ਸਰਕਾਰ ਵਿਭਾਗ।

ਪਿੱਠ ਅੰਕਣ ਨੰ: 16/3(27)/2016-5ਸਸ3/2852 ਮਿਤੀ, ਚੰਡੀਗੜ੍ਹ: 21.12.2016

ਇਸ ਦਾ ਇੱਕ ਉਤਾਰਾ ਕੰਟਰੋਲਰ, ਛਪਾਈ ਤੇ ਲਿਖਣ ਸਮੱਗਰੀ ਵਿਭਾਗ, ਪੰਜਾਬ, ਐਸ.ਏ.ਐਸ. ਨਗਰ (ਮੋਹਾਲੀ) ਨੂੰ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਇਸ ਅਧਿਸੂਚਨਾ ਨੂੰ ਪੰਜਾਬ ਸਰਕਾਰ ਦੇ ਅਸਾਧਾਰਣ ਗਜਟ ਵਿੱਚ ਛਾਪਣ ਦੀ ਖੇਚਲ ਕੀਤੀ ਜਾਵੇ ।

ਵਿਸ਼ੇਸ਼ ਸਕੱਤਰ ਸੁਥਾਨਕ ਸਰਕਾਰ

ਪਿੱਠ ਅੰਕਣ ਨੰ: 16/3(27)/2016-5ਸਸ3/2853 ਮਿਤੀ, ਚੰਡੀਗੜ੍ਹ:21.12.2016

ਉਪਰੋਕਤ ਦਾ ਇੱਕ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :-

1 ਵਿਤੀ ਕਮਿਸ਼ਨਰ, ਕਰ ਅਤੇ ਆਬਕਾਰੀ ਵਿਭਾਗ, ਪੰਜਾਬ ਚੰਡੀਗੜ੍ਹ।
2 ਪ੍ਰਮੁੱਖ ਸਕੱਤਰ, ਖੁਰਾਕ ਤੇ ਸਪਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
3 ਪ੍ਰਮੁੱਖ ਸਕੱਤਰ, ਟਰਾਂਸਪੋਰਟ, ਪੰਜਾਬ, ਚੰਡੀਗੜ੍ਹ।
4 ਪ੍ਰਮੁੱਖ ਸਕੱਤਰ, ਪਾਵਰ ਵਿਭਾਗ, ਪੰਜਾਬ, ਚੰਡੀਗੜ।
5 ਡਾਇਰੈਕਟਰ, ਸਥਾਨਕ ਸਰਕਾਰ ਵਿਭਾਗ, ਪੰਜਾਬ, ਚੰਡੀਗੜ੍ਹ।
6 ਕਰ ਅਤੇ ਆਬਕਾਰੀ ਕਮਿਸ਼ਨਰ, ਪੰਜਾਬ, ਪਟਿਆਲਾ।
7 ਡਾਇਰੈਕਟਰ, ਖੁਰਾਕ ਤੇ ਸਪਲਾਈ ਵਿਭਾਗ, ਪੰਜਾਬ, ਚੰਡੀਗੜ੍ਹ।
8 ਚੇਅਰਮੈਨ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਪਟਿਆਲਾ।
9 ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ, ਚੰਡੀਗੜ੍ਹ।
10 ਡਿਪਟੀ ਕਮਿਸ਼ਨਰ, ਐਸ.ਏ.ਐਸ.ਨਗਰ (ਮੋਹਾਲੀ)।।
11 ਰੀਜਨਲ ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ, ਪਟਿਆਲਾ।
12 ਉਪ-ਮੰਡਲ ਮੈਜਿਸਟਰੇਟ, ਖਰੜ ।
13 ਕਾਰਜ ਸਾਧਕ ਅਫਸਰ, ਨਗਰ ਕੌਂਸਲ, ਖਰੜ।
14 ਜਿਲ੍ਹਾ ਟਰਾਂਸਪੋਰਟ ਅਫਸਰ, ਐਸ.ਏ.ਐਸ.ਨਗਰ (ਮੋਹਾਲੀ)।
15 ਪ੍ਰੀਖਕ, ਲੋਕਲ ਫੰਡ ਅਕਾਊਂਟਸ, ਪੰਜਾਬ, ਚੰਡੀਗੜ੍ਹ।
16 ਡਾਇਰੈਕਟਰ,ਟਾਊਨ ਪਲਾਨਿੰਗ ਵਿੰਗ, ਸਥਾਨਕ ਸਰਕਾਰ ਵਿਭਾਗ, ਪੰਜਾਬ, ਚੰਡੀਗੜ੍ਹ।
17 ਸਹਾਇਕ ਆਬਕਾਰੀ ਤੇ ਕਰ ਕਮਿਸ਼ਨਰ, ਐਸ.ਏ.ਐਸ.ਨਗਰ (ਮੋਹਾਲੀ)।
18 ਉਪ ਮੰਡਲ ਇੰਜੀਨੀਅਰ, ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ, ਖਰੜ ।

ਵਿਸ਼ੇਸ਼ ਸਕੱਤਰ ਸਥਾਨਕ ਸਰਕਾਰ